ਗਉੜੀ ਮਾਝ ਮਹਲਾ ੪ ॥
Gauree Maajh, Fourth Mehl:

ਆਉ ਸਖੀ ਗੁਣ ਕਾਮਣ ਕਰੀਹਾ ਜੀਉ ॥
Come, O sisters - let's make virtue our charms.

ਮਿਲਿ ਸੰਤ ਜਨਾ ਰੰਗੁ ਮਾਣਿਹ ਰਲੀਆ ਜੀਉ ॥
Let's join the Saints, and enjoy the pleasure of the Lord's Love.

ਗੁਰ ਦੀਪਕੁ ਗਿਆਨੁ ਸਦਾ ਮਨਿ ਬਲੀਆ ਜੀਉ ॥
The lamp of the Guru's spiritual wisdom burns steadily in my mind.

ਹਰਿ ਤੁਠੈ ਢੁਲਿ ਢੁਲਿ ਮਿਲੀਆ ਜੀਉ ॥੧॥
The Lord, being pleased and moved by pity, has led me to meet Him. ||1||

ਮੇਰੈ ਮਨਿ ਤਨਿ ਪ੍ਰੇਮੁ ਲਗਾ ਹਰਿ ਢੋਲੇ ਜੀਉ ॥
My mind and body are filled with love for my Darling Lord.

ਮੈ ਮੇਲੇ ਮਿਤ੍ਰੁ ਸਤਿਗੁਰੁ ਵੇਚੋਲੇ ਜੀਉ ॥
The True Guru, the Divine Intermediary, has united me with my Friend.

ਮਨੁ ਦੇਵਾਂ ਸੰਤਾ ਮੇਰਾ ਪ੍ਰਭੁ ਮੇਲੇ ਜੀਉ ॥
I offer my mind to the Guru, who has led me to meet my God.

ਹਰਿ ਵਿਟੜਿਅਹੁ ਸਦਾ ਘੋਲੇ ਜੀਉ ॥੨॥
I am forever a sacrifice to the Lord. ||2||

ਵਸੁ ਮੇਰੇ ਪਿਆਰਿਆ ਵਸੁ ਮੇਰੇ ਗੋਵਿਦਾ ਹਰਿ ਕਰਿ ਕਿਰਪਾ ਮਨਿ ਵਸੁ ਜੀਉ ॥
Dwell, O my Beloved, dwell, O my Lord of the Universe; O Lord, show mercy to me and come to dwell within my mind.

ਮਨਿ ਚਿੰਦਿਅੜਾ ਫਲੁ ਪਾਇਆ ਮੇਰੇ ਗੋਵਿੰਦਾ ਗੁਰੁ ਪੂਰਾ ਵੇਖਿ ਵਿਗਸੁ ਜੀਉ ॥
I have obtained the fruits of my mind's desires, O my Lord of the Universe; I am transfixed with ecstasy, gazing upon the Perfect Guru.

ਹਰਿ ਨਾਮੁ ਮਿਲਿਆ ਸੋਹਾਗਣੀ ਮੇਰੇ ਗੋਵਿੰਦਾ ਮਨਿ ਅਨਦਿਨੁ ਅਨਦੁ ਰਹਸੁ ਜੀਉ ॥
The happy soul-brides receive the Lord's Name, O my Lord of the Universe; night and day, their minds are blissful and happy.

ਹਰਿ ਪਾਇਅੜਾ ਵਡਭਾਗੀਈ ਮੇਰੇ ਗੋਵਿੰਦਾ ਨਿਤ ਲੈ ਲਾਹਾ ਮਨਿ ਹਸੁ ਜੀਉ ॥੩॥

By great good fortune, the Lord is found, O my Lord of the Universe; earning profit continually, the mind laughs with joy. ||3||

ਹਰਿ ਆਪਿ ਉਪਾਏ ਹਰਿ ਆਪੇ ਵੇਖੈ ਹਰਿ ਆਪੇ ਕਾਰੈ ਲਾਇਆ ਜੀਉ ॥

The Lord Himself creates, and the Lord Himself beholds; the Lord Himself assigns all to their tasks.

ਇਕਿ ਖਾਵਹਿ ਬਖਸ ਤੋਟਿ ਨ ਆਵੈ ਇਕਨਾ ਫਕਾ ਪਾਇਆ ਜੀਉ ॥

Some partake of the bounty of the Lord's favor, which never runs out, while others receive only a handful.

ਇਕਿ ਰਾਜੇ ਤਖਤਿ ਬਹਹਿ ਨਿਤ ਸੁਖੀਏ ਇਕਨਾ ਭਿਖ ਮੰਗਾਇਆ ਜੀਉ ॥

Some sit upon thrones as kings, and enjoy constant pleasures, while others must beg for charity.

ਸਭੁ ਇਕੋ ਸਬਦੁ ਵਰਤਦਾ ਮੇਰੇ ਗੋਵਿਦਾ ਜਨ ਨਾਨਕ ਨਾਮੁ ਧਿਆਇਆ ਜੀਉ ॥੪॥੨॥੨੮॥੬੬॥

The Word of the Shabad is pervading in everyone, O my Lord of the Universe; servant Nanak meditates on the Naam. ||4||2||28||66||